**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ ਰੋਡ, ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫ਼ਤਰ ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ)।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ)। -------ਉੱਤਰਦਾਤਾ

**ਅਪੀਲ ਕੇਸ ਨੰ: 68/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਸ੍ਰੀ ਜੀ.ਐਸ.ਕਾਹਲੋਂ ਐਡਵੋਕੇਟ ।(97795-08115)
2) ਉੱਤਰਦਾਤਾ ਵਲੋਂ ਸ੍ਰੀ ਸ਼ਿਵ ਕੁਮਾਰ, ਕਲਰਕ ( 9023336480) ਦਫ਼ਤਰ ਸਬ ਰਜਿਸਟਰਾਰ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-09-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ) ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀ ਅਵਤਾਰ ਸਿੰਘ ਵੱਲੋਂ ਮਿਤੀ 05-06-2018 ਨੂੰ ਅਸ਼ਟਾਮ ਡਿਊਟੀ ਘੱਟ ਲਗਾਉਣ ਬਾਬਤ ਸ਼੍ਰੀ ਨੀਲਮਜੀਤ ਸਿੰਘ ਵਿਰੁੱਧ ਕੀਤੀ ਗਈ ਸ਼ਿਕਾਇਤ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 02-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਇਸ ਮਿਤੀ ਤੇ ਦੋਨਾਂ ਧਿਰਾਂ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਜਿਸ ਕਾਰਨ ਮਿਤੀ 01-04-2019 ਨਿਸਚਿਤ ਕੀਤੀ ਗਈ ਸੀ ਪਰ ਉਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ । ਅਗਲੀ ਮਿਤੀ 04-05-2019 ਨਿਸਚਿਤ ਕੀਤੀ ਗਈ ਸੀ ਅਤੇ ਨਾਲ ਹੀ ਮੁੱਖ ਸੂਚਨਾ ਕਮਿਸ਼ਨ ਮਾਨਯੋਗ ਐਸ.ਐਸ.ਚੰਨੀ, ਜੀ ਵਲੋਂ ਆਪਣੇ ਹੁਕੱਮਾਂ ਵਿਚ ਸਪੱਸ਼ਟ ਕੀਤਾ ਗਿਆ ਸੀ ਕਿ ਮਿਤੀ 04-05-2019 ਨੂੰ ਉਨ੍ਹਾਂ ਦੀ ਟਰਮ ਖਤਮ ਹੋ ਰਹੀ ਹੈ ਅਤੇ ਇਹ ਕੇਸ ਕਿਸੇ ਹੋਰ ਬੈਚ ਨੂੰ ਅਲਾਟ ਕੀਤਾ ਜਾਵੇਗਾ। ਜਿਸ ਉਪਰੰਤ ਇਸ ਕਮਿਸ਼ਨ ਵਲੋਂ ਇਸ ਕੇਸ ਵਿਚ ਪਹਿਲੀ ਮਿਤੀ 15-07-2019 ਨੂੰ ਨਿਸਚਿਤ ਕੀਤੀ ਗਈ। ਇਸ ਉਪਰੰਤ ਅਗਲੀ ਪੇਸ਼ੀ ਦੀ ਮਿਤੀ 03-09-2019 ਤੇ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਪਰਮਜੀਤ ਕੌਰ, ਰੀਡਰ/ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ) ਵੱਲੋ ਆਪਣੇ ਪੱਤਰ, ਮਿਤੀ 02-09-2019, ਜਿਸ ਰਾਹੀ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:3/ਐਸ.ਆਰ., ਮਿਤੀ 04-01-2019 ਰਾਹੀਂ ਅਪੀਲਕਰਤਾ ਨੂੰ ਨੁਕਤਾ-ਵਾਰ ਸੂਚਨਾ ਭੇਜੀ ਜਾ ਚੁੱਕੀ ਹੈ।ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਦਫਤਰ ਸਬ ਰਜਿਸਟਰਾਰ ਲੁਧਿਆਣਾ (ਪੂਰਬੀ) ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ।ਇਹ ਕੇਸ ਅਗਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ । ਪਿਛਲੀ ਮਿਤੀ 18-09-2019 ਤੇ ਹਾਜ਼ਰ ਅਪੀਲਕਰਤਾ ਦੇ ਨੁਮਾਇੰਦੇ ਨੇ ਕਿਹਾ ਕਿ ਉਸਨੂੰ ਅੱਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉਤਰਦਾਤਾ ਦਫਤਰ ਸਬ ਰਜਿਸਟਰਾਰ ਲੁਧਿਆਣਾ (ਪੂਰਬੀ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਸੀ । ਇਸ ਲਈ ਇਹ ਕੇਸ ਅਗਲੀ ਮਿਤੀ 11-10-2019 ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ, ਉਸ ਦੀ ਤਰਫੋਂ ਸ੍ਰੀ ਗੁਰਦੀਪ ਸਿੰਘ ਕਾਹਲੋਂ ਵਕੀਲ ਹਾਜ਼ਰ ਹੋਇਆ। ਉਸ ਵਲੋਂ ਪਹਿਲਾਂ ਪ੍ਰਾਪਤ ਹੋਈ ਸੂਚਨਾ ਸਬੰਧੀ ਕੋਈ ਤਰੁੱਟੀਆਂ ਪੇਸ਼ ਨਹੀਂ ਕੀਤੀਆਂ ਗਈਆਂ ਅਤੇ ਨਾ ਹੀ ਅੱਜ ਕਿਸੇ ਤਰੁੱਟੀ ਬਾਰੇ ਦਸਿਆ ਗਿਆ।

3. ਉੱਤਰਦਾਤਾ ਵਲੋਂ ਸ੍ਰੀ ਸ਼ਿਵ ਕੁਮਾਰ, ਕਲਰਕ ਦਫਤਰ ਸਬ ਰਜਿਸਟਰਾਰ ਅੱਜ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਆਪਣੇ ਦਫਤਰ ਦਾ ਪੱਤਰ ਨੰ: 443/ਐਸ.ਆਰ. ਮਿਤੀ 10.10.2019 ਪੇਸ਼ ਕੀਤਾ ਗਿਆ ਜਿਸ ਅਨੁਸਾਰ

ਪਰਤੋ ਜੀ---ਚਲਦਾ ਪੰਨਾ /2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:68 /2019**

ਪੱਤਰ ਵਿਚ ਇਹ ਲਿਖਿਆ ਗਿਆ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਮਿਤੀ 04-01-2019, 04-02-2019 ਅਤੇ ਮੁੜ 02-09-2019 ਰਾਹੀਂ ਬਣਦੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਉਸ ਦੀ ਤਰਫੋਂ ਸ੍ਰੀ ਗੁਰਦੀਪ ਸਿੰਘ ਕਾਹਲੋਂ ਵਕੀਲ ਹਾਜ਼ਰ ਹੋਇਆ ਜਿਸ ਵਲੋਂ ਪਹਿਲਾਂ ਭੇਜੇ ਉੱਤਰ ਤੇ ਕੋਈ ਤਰੁੱਟੀ ਨਹੀਂ ਪੇਸ਼ ਕੀਤੀ ਗਈ। ਉੱਤਰਦਾਤਾ ਵਲੋਂ ਪੇਸ਼ ਨੁਮਾਇੰਦਿਆਂ ਵਲੋਂ ਪੇਸ਼ ਕੀਤੇ ਪੱਤਰ ਮਿਤੀ 10-10-2019 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਆਪਣੇ ਪੱਤਰਾਂ ਰਾਹੀਂ ਭੇਜੀ ਗਈ ਸੂਚਨਾ ਦੀਆਂ ਕਾਪੀਆਂ ਨੱਥੀ ਕੀਤੀਆਂ ਗਈਆਂ ਹਨ। ਜਿਸ ਅਨੁਸਾਰ ਮਿਤੀ 04-01-2019 ਨੂੰ ਨੁਕਤਾਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਪਿਛਲੀ ਪੇਸ਼ੀ ਦੀ ਮਿਤੀ 18-09-2019 ਰਾਹੀਂ ਮਿਤੀ 04-01-2019 ਨੂੰ ਭੇਜੀ ਗਈ ਨੁਕਤਾਵਾਰ ਸੂਚਨਾ ਵਿਚ ਕੋਈ ਤਰੱਟੀਆਂ ਪਾਈਆਂ ਜਾਣ ਤਾਂ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਨ ਲਈ ਹਦਾਇਤ ਕੀਤੀ ਗਈ ਸੀ। ਅਪੀਲਕਰਤਾ ਦੀ ਤਰਫੋਂ ਹਾਜ਼ਰ ਨੁਮਾਇੰਦੇ ਵਲੋਂ ਕੋਈ ਤਰੁੱਟੀਆਂ ਪੇਸ਼ ਨਹੀਂ ਕੀਤੀਆਂ ਗਈਆਂ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 11 **ਅਕਤੂਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸਬ ਰਜਿਸਟਰਾਰ ਲੁਧਿਆਣਾ (ਪੂਰਬੀ)।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ,
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ, ਖੰਨਾ-141401. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਅਰਬਨ ਸਥਾਨਕ ਸਰਕਾਰ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ:2228 /2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਸ਼੍ਰੀ ਜੀ.ਐਸ.ਕਾਹਲੋਂ ਐਡਵੋਕੇਟ ।(97795-08115)
2) ਉੱਤਰਦਾਤਾ ਵਲੋਂ ਸ਼੍ਰੀ ਸ਼ਿਵ ਕੁਮਾਰ, ਕਲਰਕ ( 9023336480) ਦਫ਼ਤਰ ਸਬ ਰਜਿਸਟਰਾਰ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-03-2019, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 11-01-2019 ਨੂੰ ਆਨ-ਲਾਈਨ ਅਤੇ ਰਜਿਸਟਰੇਸ਼ਨ ਨੰ:CMOFF/E/2019/00045 ਰਾਹੀਂ ਭੇਜੀ ਗਈ ਸ਼ਿਕਾਇਤ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪੇਸ਼ੀ ਦੀ ਮਿਤੀ 03-09-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ । ਅਪੀਲਕਰਤਾ ਨੇ ਕਿਹਾ ਸੀ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਕਮਿਸ਼ਨ ਵਲੋਂ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਕਿ ਵਿਸਥਾਰ-ਪੂਰਵਕ ਜਵਾਬ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 18-09-2019 ਨੂੰ ਫਿਰ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੌਂ ਹਾਜ਼ਰ ਸ਼੍ਰੀ ਰਾਜੀਵ ਕੁਮਾਰ, ਐਮ.ਈ. ਵਲੋਂ ਜਵਾਬ ਪੇਸ਼ ਕੀਤਾ ਗਿਆ, ਉਸ ਤੋਂ ਅਪੀਲਕਰਤਾ ਸੰਤਸ਼ਟ ਨਹੀ ਸੀ। ਕੁਝ ਵਿਚਾਰ ਵਟਾਂਦਰੇ ਉਪਰੰਤ ਅਪੀਲਕਰਤਾ ਨੇ ਉਤਰਦਾਤਾ ਦੇ ਦਫਤਰ ਜਾ ਕੇ ਰਿਕਾਰਡ ਦੀ ਇੰਸ੍ਪੈਕਸ਼ਨ ਕਰਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਦਿੱਤੀ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਕਿ ਅਪੀਲਕਰਤਾ ਵਲੋਂ ਉਨ੍ਹਾਂ ਦੇ ਦਫਤਰ ਹਾਜ਼ਰ ਹੋਣ ਤੇ ਆਰ.ਟੀ.ਐਕਟ, 2005 ਤਹਿਤ ਬਣਦੀ ਸੂਚਨਾ ਉਸਨੂੰ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ ਰਾਹੀਂ ਸੂਚਿਤ ਕੀਤਾ ਗਿਆ ਕਿ ਉਸਨੂੰ ਅਜੇ ਤੱਕ ਸੂੰਚਨਾ ਪ੍ਰਾਪਤ ਨਹੀਂ ਹੋਈ ਅਤੇ ਅਗਲੀ ਮਿਤੀ ਦਿੱਤੀ ਜਾਵੇ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜੀਵ ਕੁਮਾਰ, ਐਮ.ਈ. ਅਤੇ ਸ਼੍ਰੀ ਸੰਦੀਪ ਸਿੰਘ, ਜੂਨੀਅਰ ਇੰਜੀਨੀਅਰ ਪੇਸ਼ੀ ਦੋਰਾਨ ਦਸਿਆ ਗਿਆ ਅਪੀਲਕਰਤਾ ਨੂੰ ਉਨ੍ਹਾਂ ਵਲੋਂ ਆਪਣੇ ਪੱਤਰ ਨੰ: 209-10 ਮਿਤੀ 04-10-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉਤਰਦਾਤਾ

ਪਰਤੋ ਜੀ---ਚਲਦਾ ਪੰਨਾ /2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

**ਅਪੀਲ ਕੇਸ ਨੰ:2228 /2019**

ਵਲੋਂ ਪੇਸ਼ ਕੀਤੇ ਗਏ ਉੱਤਰ ਅਨੁਸਾਰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉਤਰਦਾਤਾ ਵਲੋਂ ਦਿੱਤੇ ਗਏ ਉੱਤਰ ਨਾਲ ਕਮਿਸ਼ਨ ਵਲੋਂ ਸੰਤੁਸ਼ਟੀ ਪ੍ਰਗਟ ਕੀਤੀ ਗਈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 11 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ ਰੋਡ, ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਵਧੀਕ ਡਿਪਟੀ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:12/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਸ੍ਰੀ ਜੀ.ਐਸ.ਕਾਹਲੋਂ ਐਡਵੋਕੇਟ ।(97795-08115)
2) ਉੱਤਰਦਾਤਾ ਵਲੋਂ ਸ੍ਰੀਮਤੀ ਰਜਨੀ ਕਲਰਕ ਦਫਤਰ ਐਸ.ਡੀ.ਐਮ. ਲੁਧਿਆਣਾ (81462 97796) ਅਤੇ ਕੁਲਵੰਤ ਸਿੰਘ (75048 0006)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-09-2017, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 10-05-2017 ਨੂੰ ਸ਼੍ਰੀ ਸੁਖਦੇਵ ਸਿੰਘ ਵਾਸੀ ਪਿੰਡ ਝਰੇੜਾ ਦਿੱਲੀ ਕੈਂਟ ਵਿਰੁੱਧ ਕੀਤੀ ਗਈ ਸ਼ਿਕਾਇਤ ਦੇ ਸਬੰਧ ਵਿਚ 02 ਨੁਕਤਿਆਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 17-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਿਛਲੀ ਪੇਸ਼ੀ ਦੀ ਮਿਤੀ 18-09-2019 ਨੂੰ ਉਪ ਮੰਡਲ ਮੈਜਿਸਟਰੇਟ, ਲੁਧਿਆਣਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਵਾਉਣ ਅਤੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਅਗਲੀ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਆਪਣਾ ਵਿਸਥਾਰਪੂਰਵਕ ਜਵਾਬ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਆਪ ਹਾਜ਼ਰ ਨਹੀਂ ਹੋਇਆ ਉਸ ਵਲੋਂ ਸ੍ਰੀ ਜੀ.ਐਸ.ਕਾਹਲੋਂ ਐਡਵੋਕੇਟ ਹਾਜ਼ਰ ਹੋਇਆ।

3. ਉਤਰਦਾਤਾ ਵਲੋਂ ਸ੍ਰੀਮਤੀ ਰਜਨੀ ਕਲਰਕ ਦਫਤਰ ਐਸ.ਡੀ.ਐਮ. ਲੁਧਿਆਣਾ ਅਤੇ ਕੁਲਵੰਤ ਸਿੰਘ ਲੋਕ ਸੂਚਨਾ ਅਧਿਕਾਰੀ ਦੀ ਤਰਫੋਂ ਹਾਜ਼ਰ ਹੋਏ ਉਨ੍ਹਾਂ ਵਲੋਂ ਦਫਤਰ ਉਪ ਮੰਡਲ ਮੈਜਿਸਟਰੇਟ ਲੁਧਿਆਣਾ ( ਪੂਰਬੀ ) ਦਾ ਪੱਤਰ ਨੰ: 2827 ਮਿਤੀ 10-10-2019 ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉਤਰਦਾਤਾ ਵਲੋ ਦਿੱਤੇ ਗਏ ਜਵਾਬ ਵਿਚ ਦਸਿਆ ਗਿਆ ਕਿ ਉਕਤ ਸ਼ਿਕਾਇਤ ਵਿਚ ਡਿਪਟੀ ਕਮਿਸ਼ਨਰ ਲੁਧਿਆਣਾ ਜੀ ਦੇ ਪੱਤਰ ਮਿਤੀ

ਪਰਤੋ ਜੀ---ਚਲਦਾ ਪੰਨਾ /2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**12/2019

05-09-2019 ਰਾਹੀਂ ਪੜਤਾਲ ਰਿਪੋਰਟ ਹਿੱਤ ਭੇਜੀ ਗਈ ਹੈ ਅਤੇ ਸ਼ਿਕਾਇਤ ਕਾਰਵਾਈ ਅਧੀਨ ਹੈ। ਦੋਵਾਂ ਧਿਰਾਂ ਨੂੰ ਸਮਨ ਜਾਰੀ ਕੀਤੇ ਗਏ ਜਿਸ ਵਿਚ ਸ਼ਿਕਾਇਤਕਰਤਾ ਦੇ ਬਿਆਨ ਕਲਮਬੰਦ ਕੀਤੇ ਗਏ ਪਰੰਤੂ ਦੂਜੀ ਧਿਰ ਸ੍ਰੀ ਸੁਖਦੇਵ ਸਿੰਘ ਨੂੰ ਦੁਬਾਰਾ ਸਮਨ ਭੇਜਿਆ ਗਿਆ ਸੀ ਅਤੇ ਮਿਤੀ 25-09-2019 ਸੀ । ਫੀਲਡ ਸਟਾਫ ਵਲੋਂ ਰਿਪੋਰਟ ਅਨੁਸਾਰ ਸ੍ਰੀ ਸੁਖਦੇਵ ਸਿੰਘ ਦਿੱਤੇ ਪਤੇ ਤੇ ਰਿਹਾਇਸ਼ ਨਹੀਂ ਰਖਦਾ ਇਸ ਤਰ੍ਹਾਂ ਸ਼ਿਕਾਇਤ ਉਨ੍ਹਾਂ ਦੇ ਦਫਤਰ ਵਿਚ ਕਾਰਵਾਈ ਅਧੀਨ ਹੈ।

4. ਇਸ ਕੇਸ ਵਿਚ ਦੋਨਾਂ ਧਿਰਾਂ ਪੇਸ਼ ਹੋਈਆਂ। ਉਤਰਦਾਤਾ ਵਲੋਂ ਪੇਸ਼ੀ ਦੌਰਾਨ ਦਿੱਤਾ ਗਿਆ ਜਵਾਬ ਪੱਤਰ ਮਿਤੀ 10-10-2019 ਘੋਖਣ ਤੇ ਪਾਇਆ ਗਿਆ ਕਿ ਉਨ੍ਹਾਂ ਵਲੋਂ ਪੱਤਰ ਪਿ:ਅ:ਨੰਬਰ 1012 ਮਿਤੀ 05-09-2019 ਅਤੇ ਪੱਤਰਨੰ: 2475-76 ਮਿਤੀ 13-09-2019 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਜਿਸ ਵਿਚ ਉਕਤ ਸਥਿਤੀ ਤੋਂ ਜਾਣਕਾਰ ਕਰਵਾ ਦਿੱਤਾ ਗਿਆ ਹੈ। ਇਸ ਤਰ੍ਹਾਂ ਉਤਰਦਾਤਾ ਵਲੋਂ ਅਪੀਲਕਰਤਾ ਦੀ ਅਰਜੀ ਤੇ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਕੇਸ ਵਿਚਾਰ ਅਧੀਨ ਹੈ। ਇਸ ਲਈ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ।

ਇਸ ਲਈ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 11 **ਅਕਤੂਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਕਾਪੀ : ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ)।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕ੍ਰਿਸ਼ਨ ਲਾਲ, (83607-93940)
ਪੁੱਤਰ ਸ਼੍ਰੀ ਸੰਤ ਰਾਮ,
ਪਿੰਡ ਤੇ ਡਾਕਖਾਨਾ ਭੁੰਨਰਹੇੜੀ,
ਤਹਿਸੀਲ ਤੇ ਜ਼ਿਲ੍ਹਾ, ਪਟਿਆਲਾ। ------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਚਾਇਤ ਸਕੱਤਰ,
ਗਰਾਮ ਪੰਚਾਇਤ ਭੁੰਨਰਹੇੜੀ,
ਤਹਿਸੀਲ ਤੇ ਜ਼ਿਲ੍ਹਾ, ਪਟਿਆਲਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 524/2019**

**ਹਾਜ਼ਰ:-**

1) ਸ਼੍ਰੀ ਕ੍ਰਿਸ਼ਨ ਲਾਲ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 18-09-2019 ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਸ਼੍ਰੀ ਸੁਖਵਿੰਦਰ ਸਿੰਘ ਟਿਵਾਣਾ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਭੁੰਨਰਹੇੜੀ, ਜ਼ਿਲ੍ਹਾ ਪਟਿਆਲਾ, ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜ਼ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸ਼ਿਕਾਇਤਕਰਤਾ ਨੂੰ ਪਹਿਲਾਂ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਆਪਣਾ ਜਵਾਬ ਵੀ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

**2.** ਅੱਜ ਫਿਰ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਜੇ ਤੱਕ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਹੀ ਮੁਹੱਈਆ ਕਰਵਾਈ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਸ਼੍ਰੀ ਸੁਖਵਿੰਦਰ ਸਿੰਘ ਟਿਵਾਣਾ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਭੁੰਨਰਹੇੜੀ, ਜ਼ਿਲ੍ਹਾ ਪਟਿਆਲਾ, ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜ਼ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸ਼ਿਕਾਇਤਕਰਤਾ ਨੂੰ ਪਹਿਲਾਂ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਆਪਣਾ ਜਵਾਬ ਵੀ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

(ਨਿਧੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 11 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜੇਸ ਗੁਪਤਾ, (94639-90768)
ਮਕਾਨ ਨੰ:738, ਸੈਕਟਰ 41-ਏ,
ਚੰਡੀਗੜ੍ਹ। ----------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਆਫ ਫਰਮਜ਼ ਅਤੇ ਸੋਸਾਇਟੀਜ਼,
ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਸੰਯੁਕਤ ਡਾਇਰੈਕਟਰ,
ਉਦਯੋਗ ਵਿਭਾਗ, ਪੰਜਾਬ,
ਚੰਡੀਗੜ੍ਹ। ---------ਉੱਤਰਦਾਤਾ

**ਅਪੀਲ ਕੇਸ ਨੰ: 1832/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਮਰਜੀਤ ਸਿੰਘ, ਸੁਪਰਡੰਟ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ (94171-88131)।

**ਹੁੱਕਮ:**

ਪਿਛਲੀ ਮਿਤੀ 16-09-2019 ਨੂੰ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਮੰਗ ਅਨੁਸਾਰ ਪੰਜਾਬ ਲਾਈਵਸਟੋਕ ਡਿਵੈਲਪਮੈਂਟ ਬੋਰਡ ਦੇ ਰਜਿਸਟਰੇਸ਼ਨ ਨੰ: ਅਤੇ ਸਾਲ ਬਾਰੇ ਉਨ੍ਹਾਂ ਨੂੰ ਲਿਖਤੀ ਰੂਪ ਵਿੱਚ ਸੂਚਿਤ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਪੰਜਾਬ ਲਾਈਵਸਟੋਕ ਡਿਵੈਲਪਮੈਂਟ ਬੋਰਡ ਦੇ ਰਜਿਸਟਰੇਸ਼ਨ ਨੰ: ਅਤੇ ਸਾਲ ਬਾਰੇ ਸੂਚਿਤ ਕਰਨ ਉਪਰੰਤ ਉਸ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 11-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਵਲੋਂ ਅੱਜੇ ਤੱਕ ਉਤਰਦਾਤਾ ਨੂੰ ਪੰਜਾਬ ਲਾਈਵਸਟੋਕ ਡਿਵੈਲਪਮੈਂਟ ਬੋਰਡ ਦੇ ਰਜਿਸਟਰੇਸ਼ਨ ਨੰ: ਅਤੇ ਸਾਲ ਬਾਰੇ ਸੂਚਿਤ ਨਹੀਂ ਕੀਤਾ ਗਿਆ ਜਿਸ ਉਪਰੰਤ ਹੀ ਉਤਰਦਾਤਾ ਵਲੋ ਅਪੀਲਕਰਤਾ ਨੂੰ ਬਣਦੀ ਸੂਚਨਾ ਦਿੱਤੀ ਜਾਣੀ ਹੈ। ਇਸ ਲਈ ਉਤਰਦਾਤਾ ਅਤੇ ਅਪੀਲਕਰਤਾ ਦੀ ਸਹਿਮਤੀ ਨਾਲ ਇਸ ਕੇਸ **ਅਗਲੀ ਮਿਤੀ 13-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 11 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗਗਨਦੀਪ ਸਿੰਘ ਜੰਜੂਆ, (97806-43243)

ਪਿੰਡ ਤੂਰਾ, ਡਾਕਖਾਨਾ ਕੁੰਭ,ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡੀ.ਈ.ਜੀ.ਸੀ. (ਕਲਾਮ),
ਸੇਵਾ ਕੇਂਦਰ, ਨਵਾਂ ਸ਼ਹਿਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ। --------ਉੱਤਰਦਾਤਾ

**ਅਪੀਲ ਕੇਸ ਨੰ: 2657/2019**

**ਹਾਜ਼ਰ:-**

1) ਸ਼੍ਰੀ ਗਗਨਦੀਪ ਸਿੰਘ ਜੰਜੂਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕਮਲ ਕੁਮਾਰ, ਕਲਰਕ (98888-16722)।

**ਹਕਮ:**

ਪਿਛਲੀ ਪੇਸ਼ੀ ਦੀ ਮਿਤੀ 18-09-2019 ਨੂੰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਨੂੰ ਵਾਚਣ ਤੇ ਇਹ ਪਾਇਆ ਗਿਆ ਸੀ ਕਿ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ, ਅਪੀਲਕਰਤਾ ਵੱਲੋਂ ਆਰ.ਟੀ.ਆਈ. ਅਰਜ਼ੀ ਰਾਹੀਂ ਮੰਗੀ ਗਈ ਸੂਚਨਾ ਦੇ ਬਿਲਕੁੱਲ ਵੀ ਅਨੁਕੂਲ ਨਹੀਂ ਹੈ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਸੀ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਸਹੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਹੁੱਕਮਾਂ ਅਨੁਸਾਰ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ।

3. ਉੱਤਰਦਾਤਾ ਵਲੋਂ ਪਹਿਲਾਂ ਭੇਜੇ ਗਏ ਉੱਤਰ ਦੀ ਕਾਪੀ ਭੇਜੀ ਗਈ ਸੀ ਜਿਸ ਰਾਹੀਂ ਦਸਿਆ ਗਿਆ ਸੀ ਸਾਲ 2016 ਤੋ 2018 ਤੱਕ ਦੀ ਸੂਚਨਾ ਵੈਵਸਾਇਟ ਤੇ ਹੈ। ਇਸ ਤਰ੍ਹਾਂ ਇਹ ਉੱਤਰ ਵਿਭਾਗ ਵਲੋਂ ਮਿਤੀ 14-05-2019 ਨੂੰ ਦਿੱਤਾ ਹੋਇਆ ਹੈ ਅਤੇ ਇਕ ਉੱਤਰ ਮਿਤੀ 27-09-2019 ਨੂੰ ਦਿੱਤਾ ਗਿਆ ਕਿ ਫੀਸ ਕਿਸ ਨੋਟੀਫਿਕੇਸ਼ਨ ਰਾਹੀਂ ਲਿੱਤੀ ਜਾਂਦੀ ਹੈ ਅਤੇ ਇਸ ਪੱਤਰ ਮਿਤੀ 31-12-2018 ਵਿਚ ਫੀਸ ਲੈਣ ਦਾ ਵੇਰਵਾ ਦਰਜ਼ ਹੈ। ਪਰ ਇਸ ਤੋਂ ਪਹਿਲਾਂ ਜਨਵਰੀ, 2016 ਤੋਂ 31-12-2018 ਤੱਕ ਦੇ ਸਮੇਂ ਕਿਸ ਨੋਟੀਫਿਕੇਸ਼ਨ ਜਾਂ ਕਿਸ ਢੰਗ ਨਾਲ ਫੀਸ ਲਈ ਜਾਂਦੀ ਸੀ ਦਾ ਵੇਰਵਾ ਨਹੀਂ ਦਿੱਤਾ ਗਿਆ। ਕਿਉਂਜੋ ਜਿਹੜਾ ਪੱਤਰ ਮਿਤੀ 14-05-2019 ਨੂੰ ਦਿੱਤਾ ਗਿਆ ਸੀ ਉਸ ਵਿਚ ਕੇਵਲ ਦਸਿਆ ਗਿਆ ਹੈ ਕਿ ਫੀਸ ਸਰਕਾਰ ਦੇ ਬਣਾਏ ਸੋਫਟਵੇਅਰ ਰਾਹੀਂ ਵਸੂਲ ਕੀਤੀ ਜਾਂਦੀ ਹੈ। ਅੱਜ ਪੇਸ਼ ਉਤਰਦਾਤਾ ਨੂੰ ਦਸਿਆ ਗਿਆ ਕਿ ਇਹ ਸੂਚਨਾ ਮੰਗੀ ਗਈ ਸੂਚਨਾ ਨਾਲ ਮੇਲ ਨਹੀਂ ਖਾਂਦੀ ਇਸ ਲਈ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਕਿ ਇਸ ਦਾ ਉੱਤਰ ਡਿਟੇਲ ਵਿਚ ਦਿੱਤਾ ਜਾਵੇ ਕਿ ਫੀਸ ਕਿਸ ਢੰਗ ਨਾਲ ਲਈ ਜਾਂਦੀ ਸੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ:** **ਚੰਡੀਗੜ੍ਹ**, 11 **ਅਕਤੂਬਰ**, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗਗਨਦੀਪ ਸਿੰਘ ਜੰਜੂਆ, (97806-43243)
ਪਿੰਡ ਤੂਰਾ, ਡਾਕਖਾਨਾ ਕੁੰਭ,ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਨਵਾਂ ਸ਼ਹਿਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਨਵਾਂਸ਼ਹਿਰ। --------ਉੱਤਰਦਾਤਾ

**ਅਪੀਲ ਕੇਸ ਨੰ: 2659/2019**

**ਹਾਜ਼ਰ:-**

1) ਸ਼੍ਰੀ ਗਗਨਦੀਪ ਸਿੰਘ ਜੰਜੂਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਵਿੰਦਰ ਸਿੰਘ, ਸਟੈਨੋ (99147-67087)

**ਹੁੱਕਮ:**

ਪਿਛਲੀ ਮਿਤੀ 18-09-2019 ਨੂੰ ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਸਪਸ਼ਟ ਨਹੀਂ ਹੈ। ਇਸ ਲਈ ਸ਼੍ਰੀ ਵਨੀਤ ਕੁਮਾਰ, ਉਪ ਮੰਡਲ ਮੈਜਿਸਟਰੇਟ-ਕਮ- ਪਹਿਲੀ ਅਪੀਲੀ ਅਥਾਰਟੀ, ਨਵਾਂਸ਼ਹਿਰ ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਇਸ ਸਬੰਧੀ ਵਿਸਥਾਰ -ਪੂਰਬਕ ਸਪਸ਼ਟ ਜਵਾਬ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ_ਕੀਤਾ ਜਾਂਦਾ ਹੈ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਹੁੱਕਮਾਂ ਅਨੁਸਾਰ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ।

3. ਪੇਸ਼ੀ ਤੇ ਹਾਜ਼ਰ ਉੱਤਰਦਾਤਾ ਸ਼੍ਰੀ ਕੁਲਵਿੰਦਰ ਸਿੰਘ, ਸਟੈਨੋ ਵਲੋਂ ਸ਼੍ਰੀ ਜਗਦੀਸ ਸਿੰਘ ਜ਼ੌਹਲ, ਉਪ ਮੰਡਲ ਮੈਜਿਸਟਰੇਟ-ਕਮ-ਪਹਿਲੀ ਅਪੀਲੀ ਅਥਾਰਟੀ ਨਵਾਂਸਹਿਰ ਦਾ ਪੱਤਰ ਮਿਤੀ 10-10-2019 ਪੇਸ਼ ਕੀਤਾ ਗਿਆ ਜ਼ੋ ਕਮਿਸਨ ਨੂੰ ਸੰਬੋਧਤ ਹੈ ਰਾਹੀਂ ਉਨ੍ਹਾਂ ਦਸਿਆ ਗਿਆ ਕਿ ਸ਼੍ਰੀ ਵਿਨੀਤ ਕੁਮਾਰ, ਪੁਰਵਲੇ ਉਪ ਮੰਡਲ ਮੈਜਿਸਟਰੇਟ, ਨਵਾਂਸ਼ਹਿਰ ਬਤੌਰ ਐਸ.ਡੀ.ਐਮ., ਫਿਲੌਰ ਤਬਦੀਲ ਹੋ ਗਏ ਹਨ ਅਤੇ ਉਨ੍ਹਾਂ ਵਲੋਂ 30-09-2019 ਨੂੰ ਜੁਆਇੰਨ ਕੀਤਾ ਗਿਆ ਹੈ ਅਤੇ ਇਸ ਸਮੇ ਝੋਨੇ ਦੀ ਖਰੀਦ ਦਾ ਕੰਮ ਜ਼ੋਰਾਂ ਤੇ ਚੱਲ ਰਿਹਾ ਹੈ ਜਿਸ ਕਾਰਨ ਉਹ ਨਿਸਚਿਤ ਮਿਤੀ 11-10-2019 ਨੂੰ ਹਾਜ਼ਰ ਨਹੀਂ ਹੋ ਸਕਦੇ 2 ਹਫਤੇ ਦਾ ਸਮਾਂ ਦੇਣ ਲਈ ਬੇਨਤੀ ਕੀਤੀ ਹੈ। ਉਨ੍ਹਾਂ ਵਲੋਂ ਇਸ ਪੱਤਰ ਨਾਲ ਦਿੱਤਾ ਗਿਆ ਜਵਾਬ ਵੀ ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 11 ਅਕਤੂਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼ੈਰੀ ਬੰਸਲ
ਡਕਾਲਾ ਕਲੋਥ ਇਮਪੋਰੀਅਮ,
ਕਰੀਸ਼ਨਾ ਬਸਤੀ ਸਮਾਨਾ, ਜ਼ਿਲ੍ਹਾ ਪਟਿਆਲਾ।

-------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਰਜਿਸਟਰਾਰ,
ਪੰਜਾਬੀ ਯੂਨੀਵਰਸਿਟੀ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ, ਡੀਨ ਅਕੈਡਮਿਕ ਅਫੇਅਰਸ,
ਪੰਜਾਬੀ ਯੂਨੀਵਰਸਿਟੀ, ਪਟਿਆਲਾ।

------ ਉੱਤਰਦਾਤਾ

ਅਪੀਲ ਕੇਸ ਨੰ 3135/2019

ਹਾਜ਼ਰ:-

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਕਰਾਂਤ ਸ਼ਰਮਾਂ ਵਕੀਲ (98141-05515)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-04-2019, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ B.Tech Lateral Entry in 5 Year Engineering Management Intergrated Programme, Part-II Course, Civil Engineering ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਰਾਹੀਂ ਬੇਨਤੀ ਕੀਤੀ ਗਈ ਕਿ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਉਸਨੂੰ ਅਗਲੀ ਮਿਤੀ ਦਿੱਤੀ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਹਾਜ਼ਰ ਸ੍ਰੀ ਵਿਕਰਾਂਤ ਸ਼ਰਮਾਂ ਵਕੀਲ ਵਲੋਂ ਪੇਸ਼ੀ ਦੋਰਾਨ ਲੋਕ ਸੂਚਨਾ ਅਧਿਕਾਰੀ ਦਾ ਪੱਤਰ ਨੰ: ਐਸ.1/428-19/ਆਰ.ਟੀ.ਆਈ. /7578 ਮਿਤੀ 10-10-2019 ਪੇਸ਼ ਕੀਤਾ ਗਿਆ । ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਦੇ ਨਾਲ ਹੀ ਉਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਗਈ ਕਿ ਪੇਸ਼ ਕੀਤੇ ਗਏ ਉਕਤ ਪੱਤਰ/ਜਵਾਬ ਦੀ ਕਾਪੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸਿੱਧੇ ਤੌਰ ਤੇ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਤਰਦਾਤਾ ਵਲੋਂ ਦਿੱਤੇ ਗਏ ਉੱਤਰ ਤੇ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਦੀਆਂ ਹਨ ਤਾਂ ਉੱਤਰ ਦੀ ਕਾਪੀ ਦੀ ਪ੍ਰਾਪਤੀ ਤੋਂ 10 ਦਿਨਾਂ ਦੇ ਅੰਦਰ ਅੰਦਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਸੂਚਿਤ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 11 ਅਕਤੂਬਰ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਹਰਮਿਲਾਪ ਸਿੰਘ ਗਰੇਵਾਲ 9356200018
ਮਕਾਨ ਨੰ: 22173 ਪਾਵਰ ਹਾਉਸ ਰੋਡ ਬਠਿੰਡਾ 151001

------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਵਿਜੀਲੈਂਸ ਬਿਉਰੋ,ਪੰਜਾਬ, ਚੰਡੀਗੜ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਵਿਜੀਲੈਂਸ ਬਿਉਰੋ,ਪੰਜਾਬ, ਚੰਡੀਗੜ।

------ਉੱਤਰਦਾਤਾ

ਅਪੀਲ ਕੇਸ ਨੰ 3290/2019

ਹਾਜ਼ਰ:-

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜੇਸ਼ ਕੁਮਾਰ ਐਸ.ਆਈ.

ਹੁੱਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-06-2019, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਵਿਜੀਲੈਂਸ ਬਿਉਰੋ, ਪੰਜਾਬ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵਲੋਂ ਸ਼ਿਕਾਇਤ ਨੰਬਰ 03/17, ਲੁਧਿਆਣਾ ਵਿਚ ਪੇਸ਼ ਕੀਤੀ ਗਈ ਰਿਪੋਰਟ (ਦਸਤਾਵੇਜ਼ ਸਹਿਤ ) ਦੀ ਕਾਪੀ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਮਿਤੀ 24-09-2019 ਰਾਹੀਂ ਬੇਨਤੀ ਕੀਤੀ ਗਈ ਕਿ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ ਉਸਦੀ ਸੁਣਵਾਈ ਵਿਡੀਓ ਕਾਨਫਰੰਸ ਰਾਹੀਂ ਕੀਤੀ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜੇਸ਼ ਕੁਮਾਰ, ਐਸ.ਆਈ. ਪੇਸ਼ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਜਵਾਬ ਪਹਿਲਾਂ ਹੀ ਦਿੱਤਾ ਹੋਇਆ ਹੈ। ਜਿਥੋਂ ਤੱਕ ਸ਼ਿਕਾਇਤ ਦੀ ਰਿਪੋਰਟ ਦਾ ਸਬੰਧ ਹੈ ਇਸ ਸਬੰਧੀ ਪੜਤਾਲ ਅਜੇ ਪੈਡਿੰਗ ਹੈ। ਪੇਸ਼ੀ ਤੇ ਹਾਜ਼ਰ ਉਤਰਦਾਤਾ ਵਲੋਂ ਲੋਕ ਸੂਚਨਾ ਅਧਿਕਾਰੀ ਦਾ ਪੱਤਰ ਨੰ: 45757/ਵਬ/ਐਸ-14, ਮਿਤੀ 04-10-2019 ਪੇਸ਼ ਕੀਤਾ ਗਿਆ ਜਿਸਦਾ ਉਤਾਰਾ ਅਪੀਲਕਰਤਾ ਨੂੰ ਵੀ ਰਜਿਸਟਰਡ ਡਾਕ ਰਾਹੀਂ ਭੇਜਿਆ ਗਿਆ ਹੈ। ਇਸ ਦੇ ਨਾਲ ਉਨ੍ਹਾਂ ਵਲੋਂ ਦਸਿਆ ਗਿਆ ਕਿ ਸ਼ਿਕਾਇਤ ਨੰ: 03/17 ਲੁਧਿਆਣਾ ਦੇ ਸਬੰਧ ਵਿਚ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ (ਸਿਹਤ-6 ਸ਼ਾਖਾ) ਪਾਸੋਂ ਰਿਪੋਰਟ ਮੰਗੀ ਗਈ ਹੈ ।

4. ਉਤਰਦਾਤਾ ਵਲੋਂ ਪੇਸ਼ ਕੀਤੇ ਗਏ ਉੱਤਰ ਅਨੁਸਾਰ ਇਸ ਕੇਸ ਵਿਚ ਸਿਹਤ ਵਿਭਾਗ ਪਾਸੋਂ ਰਿਪੋਰਟ ਮੰਗੀ ਗਈ ਹੈ।ਇਸ ਤਰ੍ਹਾਂ ਵਿਜੀਲੈਂਸ ਵਿਭਾਗ ਵਲੋਂ ਕੋਈ ਸੂਚਨਾ ਪੈਡਿੰਗ ਨਹੀਂ ਹੈ। ਇਸ ਲਈ ਲੋਕ ਸੂਚਨਾ

ਪਰਤੋ ਜੀ---ਚਲਦਾ ਪੰਨਾ /2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3290/2019

ਅਧਿਕਾਰੀ-ਕਮ- ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ (ਸਿਹਤ-6 ਸ਼ਾਖਾ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਸਬੰਧਤ ਵਿਭਾਗ ਅਤੇ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਪੇਸ਼ੀ ਦੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 11 **ਅਕਤੂਬਰ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਲੈਫ. ਕਰਨਲ ਡੀ.ਐਸ. ਢਿੱਲੋਂ (ਰਿਟਾ.)
192 ਸੀ ਰਾਜਗੁਰੂ ਨਗਰ ਲੁਧਿਆਣਾ 141012 ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਨਨਕਾਨਾ ਸਾਹਿਬ ਐਜੂਕੇਸ਼ਨ ਟ੍ਰਸੱਟ ,
ਗੁਰੂ ਨਾਨਕ ਦੇਵ ਇੰਜੀਨਿਅਰਿੰਗ ਕਾਲਿਜ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਨਨਕਾਨਾ ਸਾਹਿਬ ਐਜੂਕੇਸ਼ਨ ਟ੍ਰਸੱਟ ,
ਗੁਰੂ ਨਾਨਕ ਦੇਵ ਇੰਜੀਨਿਅਰਿੰਗ ਕਾਲਿਜ ਲੁਧਿਆਣਾ। -------ਉੱਤਰਦਾਤਾ

ਅਪੀਲ ਕੇਸ ਨੰ: 3258/2019

ਹਾਜ਼ਰ:-

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੁਖਪਾਲ ਸਿੰਘ ਗਿੱਲ (98880-77066)

ਹੁੱਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 16-05-2019, ਲੋਕ ਸੂਚਨਾ ਅਧਿਕਾਰੀ ਨਨਕਾਨਾ ਸਾਹਿਬ ਐਜੂਕੇਸ੍ਨ ਟ੍ਰਸੱਟ, ਗੁਰੂ ਨਾਨਕ ਦੇਵ ਇੰਜੀਨਿਅਰਿੰਗ ਕਾਲਿਜ਼ ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵਲੋਂ ਗੁਰੂ ਨਾਨਕ ਦੇਵ ਇੰਜੀਨਿਅਰਿੰਗ ਕਾਲਿਜ ਦੇ ਮੌਜੂਦਾ ਪ੍ਰਿੰਸੀਪਲ ਦੀ ਨਿਯੁਕਤੀ ਨਾਲ ਸਬੰਧਤ 3 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-09-2019 ਨੂੰ ਕਮਿਸ੍ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਮਿਤੀ 07-10-2019 ਰਾਹੀਂ ਬੇਨਤੀ ਕੀਤੀ ਗਈ ਕਿ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ ਅਗਲੀ ਮਿਤੀ ਦਿੱਤੀ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ੍ਰੀ ਸੁਖਪਾਲ ਸਿੰਘ ਗਿੱਲ ਪੇਸ਼ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਜਵਾਬ ਪਹਿਲਾਂ ਹੀ ਪੱਤਰ ਮਿਤੀ 12-06-2019 ਰਾਹੀਂ ਦਿੱਤਾ ਗਿਆ ਸੀ ਅਤੇ ਇਸ ਉਪਰੰਤ ਪਹਿਲੀ ਅਪੀਲੀ ਅਥਾਰਟੀ ਦੇ ਹੁਕੱਮ ਮਿਤੀ 8-07-2019 ਅਨੁਸਾਰ ਪੱਤਰ ਮਿਤੀ 18-07-2019 ਰਾਹੀਂ ਦਿਤੀ ਜਾਣ ਵਾਲੀ ਬਣਦੀ ਸੂਚਨਾ ਦੇ ਦਿੱਤੀ ਗਈ ਸੀ। ਇਹ ਦੋਵੇ ਪੱਤਰ ਮਿਸਲ ਤੇ ਉਪਲਬਧ ਹਨ।

4. ਉਤਰਦਾਤਾ ਵਲੋਂ ਦਸੇ ਗਏ ਦੋਵੇਂ ਪੱਤਰ ਮਿਤੀ 12-06-2019 ਅਤੇ 08-07-2019 ਮਿਸਲ ਤੇ ਉਪਲਬਧ ਹਨ ਜਿਨ੍ਹਾਂ ਨੂੰ ਘੋਖਣ ਤੇ ਪਾਇਆ ਗਿਆ ਕਿ ਪਹਿਲੇ ਪੱਤਰ ਵਿਚ ਉਤਰਦਾਤਾ ਵਲੋਂ ਦਸਿਆ ਗਿਆ ਹੈ ਕਿ ਇਹ ਸੂਚਨਾ ਤੀਜੇ ਧਿਰ ਨਾਲ ਸਬੰਧਤ ਹੋਣ ਕਾਰਨ ਨਹੀਂ ਦਿੱਤੀ ਜਾ ਸਕਦੀ। ਇਸ ਦੇ ਨਾਲ ਹੀ ਉਪਰ ਦਸੇ ਅਨੁਸਾਰ ਪੱਤਰ ਮਿਤੀ 08-07-2019 ਰਾਹੀਂ ਦਿਤੀ ਜਾਣ ਵਾਲੀ ਬਣਦੀ ਸੂਚਨਾ ਵੀ ਮੁਹੱਈਆ ਕਰਵਾ ਦਿੱਤੀ ਗਈ ਸੀ। ਕਮਿਸਨ ਵਲੋਂ ਰਿਕਾਰਡ ਤੇ ਆਏ ਇਨ੍ਹਾਂ ਤੱਥਾਂ ਨੂੰ ਘੋਖਣ ਉਪਰੰਤ ਪਾਇਆ ਗਿਆ ਕਿ ਅਪੀਲਕਰਤਾ ਨੂੰ ਠੀਕ /ਬਣਦੀ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 11 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਇਸ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਨਰੇਸ਼ ਕੁਮਾਰ 01812742174 9501814235

2101, ਕੈਂਪ ਏਰੀਆ, ਏਅਰ ਫੋਰਸ ਸਟੇਸ਼ਨ,

ਅਦਮਪੁਰ ਦੁਆਬਾ, ਜ਼ਿਲ੍ਹਾ ਜਲੰਧਰ. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਜਨਰਲ ਮੈਨੇਜਰ , ਪੀ.ਐੱਸ.ਆਈ.ਈ.ਸੀ ਸੈਕਟਰ 17,

ਉਦਯੋਗ ਭਵਨ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ, ਇਸਟੇਟ ਵਿੰਗ,

ਪੀ.ਐੱਸ.ਆਈ.ਈ.ਸੀ, ਉਦਯੋਗ ਭਵਨ, ਸੈਕਟਰ 17, ਪੰਜਾਬ, ਚੰਡੀਗੜ੍ਹ। ------ਉੱਤਰਦਾਤਾ

ਅਪੀਲ ਕੇਸ ਨੰ 3168/2019

ਹਾਜ਼ਰ:-

1) ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਜੈਪਾਲ ਸਿੰਘ, ਡਿਪਟੀ ਮੈਨੇਜਰ (98141-44454)

ਹੁੱਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-09-2019, **ਲੋਕ ਸੂਚਨਾ ਅਧਿਕਾਰੀ ਜਨਰਲ ਮੈਨੇਜਰ , ਪੀ.ਐੱਸ.ਆਈ.ਈ.ਸੀ ਸੈਕਟਰ- 17, ਉਦਯੋਗ ਭਵਨ, ਪੰਜਾਬ, ਚੰਡੀਗੜ੍ਹ** ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵਲੋਂ ਪੰਜਾਬ ਸਮਾਲ ਸਕੇਲ ਇੰਡਸਟਰੀਜ਼ ਅਤੇ ਐਕਸਪੋਰਟ ਕਾਰਪੋਰੇਸ਼ਨ ਲਿਮ: ਪਲਾਟ ਨੰ: ਡੀ.-25 ਫੋਕਲ ਪੁਆਇੰਟ ਕਪੂਰਥਲਾ ਸਬੰਧੀ 22 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਹ ਦਿੱਤੇ ਗਏ ਉੱਤਰ ਨਾਲ ਸਹਿਮਤ ਨਹੀਂ। ਇਸ ਲਈ ਉਸ ਨੂੰ ਸਹੀ ਅਤੇ ਮੁਕੰਮਲ ਸੂਚਨਾ ਮੁਹੱਈਆ ਕਰਵਾਈ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਹਾਜ਼ਰ ਸ੍ਰੀ ਵਿਜੈਪਾਲ ਸਿੰਘ, ਡਿਪਟੀ ਮੈਨੇਜਰ ਵਲੋਂ ਪੇਸ਼ੀ ਦੌਰਾਨ ਦਸਿਆ ਗਿਆ ਕਿ ਅਪੀਲਕਰਤਾ ਨੂੰ ਉਨ੍ਹਾਂ ਵਲੋਂ ਪਹਿਲਾਂ ਹੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ । ਇਸ ਸਬੰਧ ਵਿਚ ਉਨ੍ਹਾਂ ਵਲੋਂ ਦਸਿਆ ਗਿਆ ਕਿ ਪੱਤਰ ਨੰ: ਪਲਉਨਿਨਿ/ਏ.ਪੀ.ਆਈ.ਓ/ਅਪੀਲ ਕੇਸ/30787 ਮਿਤੀ 09-10-2019 ਜ਼ੋ ਕਿ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉਤਾਰਾ ਅਪੀਲਕਰਤਾ ਨੂੰ ਵੀ ਕੀਤਾ ਗਿਆ ਹੈ। ਪੱਤਰ ਮਿਤੀ 09-10-2019 ਮਿਸਲ ਤੇ ਉਪਲਬਧ ਹੈ।

4. ਉਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵਲੋਂ ਦਿੱਤੇ ਗਏ ਉੱਤਰ ਨਾਲ ਅਪੀਲਕਰਤਾ ਸੰਤੁਸ਼ਟ ਨਹੀਂ ਹੈ ਅਤੇ ਉਸਨੇ ਬੇਨਤੀ ਕੀਤੀ ਗਈ ਕਿ ਸਹੀ ਸੂਚਨਾ ਮੁਹੱਈਆ ਕਰਵਾਈ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਤਰਦਾਤਾ ਵਲੋਂ ਦਿੱਤੇ ਗਏ ਉੱਤਰ ਤੇ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਦੀਆਂ ਹਨ ਤਾਂ ਉੱਤਰ ਦੀ ਕਾਪੀ ਦੀ ਪ੍ਰਾਪਤੀ ਤੋਂ 10 ਦਿਨਾਂ ਦੇ ਅੰਦਰ ਅੰਦਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਸੂਚਿਤ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 11 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਵਨ ਕੁਮਾਰ

ਮਕਾਨ ਨੰ3304 , ਸੈਕਟਰ24 -ਡੀ, ਚੰਡੀਗੜ੍ਹ -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਰਜਿਸਟਰਾਰ ਆਫ ਫਰਮਸ ਅਤੇ ਸੁਸਾਇਟੀਸ,

ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ

ਰਜਿਸਟਰਾਰ ਆਫ ਫਰਮਜ਼ ਅਤੇ ਸੁਸਾਇਟੀਸ, ਪੰਜਾਬ, ਚੰਡੀਗੜ੍ਹ। -----**ਉੱਤਰਦਾਤਾ**

ਅਪੀਲ ਕੇਸ ਨੰ 3192/2019

ਹਾਜ਼ਰ:-

1) ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਰਜੀਤ ਸਿੰਘ, ਸੁਪਰਡੰਟ (9417788131)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-04-2019, **ਲੋਕ ਸੂਚਨਾ ਅਧਿਕਾਰੀ ਰਜਿਸਟਰਾਰ ਆਫ ਫਰਮਸ ਅਤੇ ਸੁਸਾਇਟੀਸ,ਪੰਜਾਬ, ਚੰਡੀਗੜ੍ਹ,** ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵਲੋਂ ਕੋਆਪਰੇਟਿਵ ਸੁਸਾਇਟੀ ਵਿਚ ਫਲੈਟ ਟਰਾਂਸਫਰ ਕਰਨ ਦੇ ਢੰਗ ਨਾਲ ਸਬੰਧਤ 08 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਪੇਸ਼ੀ ਤੇ ਹਾਜ਼ਰ ਹੋਇਆ ਉਸ ਵਲੋ ਦਸਿਆ ਗਿਆ ਕਿ ਉਤਰਦਾਤਾ ਵਲੋ ਉਸ ਨੂੰ ਸੂਚਨਾ ਮੁਹੌਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਰਜੀਤ ਸਿੰਘ, ਸੁਪਰਡੰਟ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਦਾ ਪੱਤਰ ਮਿਤੀ 29-04-2019 ਉਨ੍ਹਾਂ ਨੂੰ ਪ੍ਰਾਪਤ ਨਹੀਂ ਹੋਇਆ ਪਰ ਮਿਤੀ 27-06-2019 ਦਾ ਪੱਤਰ ਉਨ੍ਹਾਂ ਦੇ ਦਫਤਰ ਵਿਚ ਪ੍ਰਾਪਤ ਹੋਇਆ ਸੀ। ਇਸ ਸਬੰਧ ਵਿਚ ਉਨ੍ਹਾਂ ਵਲੋਂ ਆਪਣੇ ਪੱਤਰ ਮੀਮੋ ਨੰ: ਰਫਸ/ਆਰ. ਟੀ.ਆਈ/ਚੰਡੀਗੜ੍ਹ-6025 ਮਿਤੀ 26-07-2019 ਰਾਹੀਂ ਪਹਿਲਾਂ ਹੀ ਅਪੀਲਕਰਤਾ ਨੂੰ ਉੱਤਰ ਦਿੱਤਾ ਗਿਆ ਕਿ ਜ਼ੋ ਜਾਣਕਾਰੀ ਮੰਗੀ ਜਾ ਰਹੀ ਹੈ ਉਸਦਾ ਰਜਿਸਟਰੇਸ਼ਨ ਨੰਬਰ ਅਤੇ ਸਾਲ ਦਸਿਆ ਜਾਵੇ।

4. ਦੋਹਾਂ ਧਿਰਾਂ ਸਾਹਮਣੇ ਵਿਚਾਰ ਵਿਟਾਂਦਰੇ ਤੇ ਇਹ ਸਾਹਮਣੇ ਆਇਆ ਕਿ ਅਪੀਲਕਰਤਾ ਕੇਵਲ ਪਲਾਟ ਟਰਾਂਸਫਰ ਕਰਨ ਦੇ ਰੂਲ ਜਾਣਨਾ ਚਾਹੁੰਦਾ ਹੈ। ਜਿਸ ਦਾ ਸਬੰਧ ਕਿਸੇ ਤਰ੍ਹਾਂ ਵੀ ਰਜਿਸਟਰੇਸ਼ਨ ਆਫ ਸੋਸਾਇਟੀ ਨਾਲ ਨਹੀਂ ਹੈ। ਇਹ ਜਾਪਦਾ ਹੈ ਕਿ ਇਸ ਦਾ ਸਬੰਧ ਰਜਿਸਟਰਾਰ ਕੋ-ਕੋਆਪਰੇਟਿਵ ਸੋਸਾਇਟੀ ਨਾਲ ਹੈ। ਇਸ ਲਈ ਹਾਜ਼ਰ ਉਤਰਦਾਤਾ ਨੂੰ ਸਮਝਾ ਦਿੱਤਾ ਗਿਆ ਕਿ ਪ੍ਰਾਰਥੀ ਦੀ ਅਰਜੀ ਟਰਾਂਸਫਰ ਕਰਕੇ ਕਮਿਸਨ ਨੂੰ ਦਸਿਆ ਜਾਵੇ ਅਤੇ ਉਨ੍ਹਾਂ ਨੂੰ ਲਿਖਿਆ ਜਾਵੇ ਕਿ ਅਪੀਲਕਰਤਾ ਨੂੰ ਜਾਣਕਾਰੀ 15 ਦਿਨਾਂ ਦੇ ਅੰਦਰ ਅੰਦਰ ਦੇਣ। ਇਸ ਦੇ ਨਾਲ ਹੀ ਲੋਕ ਸੂਚਨਾ ਅਧਿਕਾਰੀ ਰਜਿਸਟਰਾਰ ਕੋ-ਆਰਪਰੇਟਿਵ ਸੋਸਾਇਟੀ ਅਗਲੀ ਮਿਤੀ ਤੇ ਆਪਣਾ ਪੱਖ ਪੇਸ਼ ਕਰਨ। ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 11 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਰਿੰਕਾ ਰਾਨੀ 9023583260
ਪਿੰਡ ਅਤੇ ਡਾਕਖਾਨਾ ਮਿਰਜਾ ਪੱਟੀ ਨਮੋਲ,
ਤਹਿਸੀਲ ਸੁਨਾਮ, ਜ਼ਿਲ੍ਹਾ ਸੰਗਰੂਰ ------ਸ਼ਿਕਾਇਤਕਰਤਾ

**ਬਨਾਮ**

ਲੋਕ ਸੂਚਨਾ ਅਧਿਕਾਰੀ ਸੈਕਰੇਟਰੀ,
**ਅਧੀਨ ਸੇਵਾਵਾਂ ਬੋਰਡ(ਐੱਸ.ਐੱਸ.ਐੱਸ.ਬੀ,) ਪੰਜਾਬ, ਮੋਹਾਲੀ।** -----ਉੱਤਰਦਾਤਾ

<u>ਕੰਪਲੇਟ ਕੇਸ ਨੰ 764/2019</u>

**ਹਾਜ਼ਰ:-**

1) ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਗੁਰਵਿੰਦਰ ਸਿੰਘ, ਕਲਰਕ ( 70096-42978)

**<u>ਹੁਕਮ:</u>**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-07-2019, **ਲੋਕ ਸੂਚਨਾ ਅਧਿਕਾਰੀ ਸੈਕਰੇਟਰੀ**, ਅਧੀਨ ਸੇਵਾਵਾਂ ਬੋਰਡ(**ਐੱਸ.ਐੱਸ.ਐੱਸ.ਬੀ,**) **ਪੰਜਾਬ, ਮੋਹਾਲੀ** ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵਲੋਂ **ਐੱਸ.ਐੱਸ.ਐੱਸ.** ਬੋਰਡ ਪੰਜਾਬ ਅਧੀਨ ਇਸਤਿਹਾਰ ਨੰ: 3 ਆਫ 2016 ਅਧੀਨ ਜੇ.ਬੀ.ਟੀ.ਟੀਚਰ ਦੀਆਂ ਕੱਢੀਆਂ ਆਸਾਮੀਆਂ ਅਤੇ ਉਸਦੀ ਪ੍ਰਕਿਰਿਆ ਸਬੰਧੀ 08 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-08-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਈ ਅਤੇ ਨਾਂ ਹੀ ਉਸ ਵਲੋਂ ਹਾਜਰ ਨਾ ਹੋਣ ਬਾਰੇ ਕੋਈ ਈ.ਮੇਲ. ਜਾਂ ਸੂਚਨਾ ਹੀ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਹਾਜ਼ਰ ਸ੍ਰੀ ਗੁਰਵਿੰਦਰ ਸਿੰਘ, ਕਲਰਕ ਵਲੋਂ ਪੇਸ਼ੀ ਦੋਰਾਨ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਉਨ੍ਹਾਂ ਵਲੋਂ ਪਹਿਲਾਂ ਹੀ ਆਪਣੇ ਪੱਤਰ ਮੀਮੋ ਨੰ: 1/47/2018-ਅ2/1583 ਮਿਤੀ 03-09-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਸਬੰਧ ਵਿਚ ਉਨ੍ਹਾਂ ਵਲੋਂ ਦਸਿਆ ਗਿਆ ਕਿ ਪੱਤਰ ਨੰ: 01/71/2019-ਅ2 (ਅਸਚਬ) /1709 ਮਿਤੀ 09-10-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਇਸ ਪੱਤਰ ਨਾਲ ਉਕਤ ਪੱਤਰ ਮਿਤੀ 03-09-2019 ਵੀ ਨੱਥੀ ਹੈ ਜਿਸ ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਗਈ ਹੈ। ਪੱਤਰ ਮਿਤੀ 09-10-2019 ਮਿਸਲ ਤੇ ਰੱਖ ਲਿਆ ਗਿਆ ਹੈ।

4. ਉਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵਲੋਂ ਸ਼ਿਕਾਇਤਕਰਤਾ ਨੂੰ ਮਿਤੀ 03-09-2019 ਰਾਹੀਂ ਭੇਜਿਆ ਜਾ ਚੁੱਕਾ ਹੈ ਪਰ ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਈ। ਇਸ ਲਈ ਸ਼ਿਕਾਇਤਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਤਰਦਾਤਾ ਵਲੋਂ ਦਿੱਤੇ ਗਏ ਉੱਤਰ ਤੇ ਜੇਕਰ ਕੋਈ ਤਰੁੰਟੀਆਂ ਪਾਈਆਂ ਜਾਦੀਆਂ ਹਨ ਤਾਂ ਉੱਤਰ ਦੀ ਕਾਪੀ ਦੀ ਪ੍ਰਾਪਤੀ ਤੋਂ 10 ਦਿਨਾਂ ਦੇ ਅੰਦਰ ਅੰਦਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਸੂਚਿਤ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **<u>ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 11 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।